66/C

ਪੰਜਾਬੀ ਯੂਨੀਵਰਸਿਟੀ,ਪਟਿਆਲਾ
(1961 ਦੇ ਪੰਜਾਬ ਐਕਟ ਨੰ: 35 ਤਹਿਤ ਸਥਾਪਿਤ)

ਨੰ: 3232.....ਸ.1/ਕਾਲਜ
ਮਿਤੀ: 14/9/2022

ਯੂਨੀਵਰਸਿਟੀ ਨਾਲ ਸਬੰਧਤ ਸਮੂਹ ਕਾਲਜਾਂ/ਕਾਂਸਟੀਚੂਐਂਟ ਕਾਲਜਾਂ ਦੇ
ਪ੍ਰਿੰਸੀਪਲ/ਡਾਇਰੈਕਟਰ ਸਾਹਿਬਾਨ ਨੂੰ

ਵਿਸ਼ਾ : ਸੈਸ਼ਨ 2022-23 ਦੌਰਾਨ ਯੂਨਵਰਸਿਟੀ ਨਾਲ ਸਬੰਧਤ ਕਾਲਜਾਂ ਵਿਖੇ ਅੰਡਰ-ਗ੍ਰੈਜੂਏਟ ਕੋਰਸਾਂ ਦੇ ਐਂਟਰੀ ਪੁਆਇੰਟ ਭਾਗ ਪਹਿਲਾ ਵਿੱਚ ਲੇਟ ਦਾਖਲਾ ਫੀਸ ਨਾਲ ਦਾਖਲਾ ਮਿਤੀਆਂ ਦਾ ਸ਼ਡਿਊਲ।

ਸ੍ਰੀਮਾਨ/ਸ੍ਰੀਮਤੀ ਜੀ,

ਮਾਨਯੋਗ ਵਾਈਸ-ਚਾਂਸਲਰ ਸਾਹਿਬ ਵੱਲੋਂ ਅਕਾਦਮਿਕ ਕੌਂਸਲ ਦੀ ਪ੍ਰਵਾਨਗੀ ਦੀ ਆਸ ਵਿੱਚ ਹੋਏ ਆਦੇਸ਼ਾਂ ਅਨੁਸਾਰ ਸੈਸ਼ਨ 2022-23 ਦੌਰਾਨ ਯੂਨਵਰਸਿਟੀ ਨਾਲ ਸਬੰਧਤ ਕਾਲਜਾਂ ਵਿਖੇ ਅੰਡਰ-ਗ੍ਰੈਜੂਏਟ ਕੋਰਸਾਂ ਦੇ ਐਂਟਰੀ ਪੁਆਇੰਟ ਭਾਗ ਪਹਿਲਾ ਵਿੱਚ ਲੇਟ ਦਾਖਲਾ ਫੀਸ ਨਾਲ ਦਾਖਲਾ ਮਿਤੀਆਂ ਦਾ ਸ਼ਡਿਊਲ ਹੇਠ ਲਿਖੇ ਅਨੁਸਾਰ ਨਿਰਧਾਰਤ ਕੀਤਾ ਜਾਂਦਾ ਹੈ:

| | | |
|---|---|---|
| 1. | 500/- ਰੁ: ਲੇਟ ਫੀਸ ਅਤੇ ਕਾਲਜ ਦੇ ਪ੍ਰਿੰਸੀਪਲ ਦੀ ਪ੍ਰਵਾਨਗੀ ਨਾਲ | 15.9.2022 ਤੋਂ 17.9.2022 |
| 2. | 1000/- ਰੁ: ਲੇਟ ਫੀਸ ਅਤੇ ਡੀਨ, ਕਾਲਜ ਵਿਕਾਸ ਕੌਂਸਲ ਦੀ ਪ੍ਰਵਾਨਗੀ ਨਾਲ | 19.9.2022 ਤੋਂ 21.9.2022 |
| 3. | 1500/-ਰੁ:ਲੇਟ ਫੀਸ ਅਤੇ ਵਾਈਸ ਚਾਂਸਲਰ ਸਾਹਿਬ ਦੀ ਪ੍ਰਵਾਨਗੀ ਨਾਲ | 22.9.2022 ਤੋਂ 27.9.2022 |
| 4. | 2000/-ਰੁਪਏ ਲੇਟ ਫੀਸ ਅਤੇ ਅਕਾਦਮਿਕ ਕੌਂਸਲ ਦੀ ਪ੍ਰਵਾਨਗੀ ਦੀ ਆਸ ਵਿੱਚ ਵਾਈਸ ਚਾਂਸਲਰ ਸਾਹਿਬ ਦੀ ਪ੍ਰਵਾਨਗੀ ਨਾਲ | 28.9.2022 ਤੋਂ 30.9.2022 |

ਕਾਲਜਾਂ ਨੂੰ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਉਕਤ ਲੇਟ ਦਾਖਲਾ ਫੀਸ ਨਾਲ ਦਾਖਲ ਕੀਤੇ ਵਿਦਿਆਰਥੀਆਂ ਦੇ ਸਬੰਧਤ ਕੋਰਸ ਵਿੱਚ ਨਿਯਮਾਂ ਅਨੁਸਾਰ ਨਿਰਧਾਰਤ ਲੋੜੀਂਦੇ ਲੈਕਚਰ/ਹਾਜ਼ਰੀਆਂ ਪੂਰੀਆਂ ਕਰਵਾਉਣ ਦੀ ਜ਼ਿੰਮੇਵਾਰੀ ਕਾਲਜ ਦੀ ਆਪਣੀ ਹੋਵੇਗੀ।

ਇੱਥੇ ਇਹ ਵੀ ਸਪੱਸ਼ਟ ਕੀਤਾ ਜਾਂਦਾ ਹੈ ਕਿ ਉਕਤ ਲੇਟ ਦਾਖਲਾ ਫੀਸ ਨਾਲ ਦਾਖਲ ਕੀਤੇ ਵਿਦਿਆਰਥੀਆਂ ਦੀਆਂ ਦਾਖਲਾ ਰਜਿਸਟ੍ਰੇਸ਼ਨ ਰਿਟਰਨਾਂ/ਪ੍ਰੀਖਿਆ ਫਾਰਮ ਉਕਤ ਨਿਰਧਾਰਤ ਸ਼ਡਿਊਲ ਅਨੁਸਾਰ ਆਖਰੀ ਮਿਤੀ ਤੋਂ ਬਾਅਦ ਬਿਨ੍ਹਾਂ ਲੇਟ ਫੀਸ ਨਾਲ ਪੰਜ ਕੰਮ-ਕਾਜੀ ਦਿਨਾਂ ਦੇ ਅੰਦਰ-ਅੰਦਰ ਯੂਨੀਵਰਸਿਟੀ ਵਿਖੇ ਜਮ੍ਹਾਂ ਕਰਵਾਉਣਾ ਲਾਜ਼ਮੀ ਹੋਣਗੇ।

13/9/22
ਡੀਨ, ਕਾਲਜ ਵਿਕਾਸ ਕੌਂਸਲ